# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ:** **19-09-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਦੇਸ਼ ਵਿੱਚ ਇੱਕੋ ਸਮੇਂ ਚੋਣਾਂ ਕਰਵਾਉਣ ਬਾਰੇ, ਉੱਚ ਪੱਧਰੀ ਕਮੇਟੀ ਦੀਆਂ ਸਿਫ਼ਾਰਸ਼ਾਂ ਨੂੰ ਮੰਤਰੀ ਮੰਡਲ ਵੱਲੋਂ ਸਵੀਕਾਰ ਕੀਤੇ ਜਾਣਾ, ਭਾਰਤੀ ਲੋਕਤੰਤਰ ਨੂੰ ਵਧੇਰੇ ਜੀਵੰਤ ਅਤੇ ਭਾਗੀਦਾਰ ਬਣਾਉਣ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਏ। ਪ੍ਰਧਾਨ ਮੰਤਰੀ ਮੋਦੀ ਨੇ ਇਸ ਕੋਸ਼ਿਸ਼ ਦੀ ਅਗਵਾਈ ਕਰਨ ਅਤੇ ਹਿੱਸੇਦਾਰਾਂ ਨਾਲ ਸਲਾਹ-ਮਸ਼ਵਰਾ ਕਰਨ ਲਈ, ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ ਦੀ ਸ਼ਲਾਘਾ ਕੀਤੀ।

---------------------------------------------------------------

ਖੁਰਾਕ ਪ੍ਰੋਸੈਸਿੰਗ ਉਦਯੋਗ 'ਤੇ ਚਾਰ ਦਿਨਾਂ ਸਮਾਗਮ ''ਵਰਲਡ ਫੂਡ ਇੰਡੀਆ 2024 , ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਸ਼ੁਰੂ ਹੋ ਰਿਹਾ ਏ। ਖੁਰਾਕ ਪ੍ਰੋਸੈਸਿੰਗ ਉਦਯੋਗ ਮੰਤਰਾਲੇ ਨੇ ਕਿਹਾ ਏ ਕਿ ਇਸ

ਸਮਾਗਮ ਵਿੱਚ 90 ਤੋਂ ਵੱਧ ਦੇਸ਼, 26 ਸੂਬੇ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਅਤੇ 18 ਕੇਂਦਰੀ ਮੰਤਰਾਲੇ ਹਿੱਸਾ ਲੈ ਰਹੇ ਨੇ। ਇਹ ਸਮਾਗਮ, ਖ਼ੁਰਾਕ ਪ੍ਰੋਸੈਸਿੰਗ ਦੇ ਖੇਤਰ ਵਿੱਚ ਇੱਕ ਆਲਮੀ ਮਹਾਂਸ਼ਕਤੀ ਵਜੋਂ ਭਾਰਤ ਦੀ ਉੱਭਰਦੀ ਭੂਮਿਕਾ ਨੂੰ ਉਜਾਗਰ ਕਰਦਾ ਏ। ਇਸ ਸਾਲ ਜਾਪਾਨ ਵਰਲਡ ਫੂਡ ਇੰਡੀਆ ਲਈ ਸਹਿਭਾਗੀ ਦੇਸ਼ ਵਜੋਂ ਹਿੱਸਾ ਲੈ ਰਿਹਾ ਏ।

--------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਾਰਤੀ ਖ਼ੁਰਾਕ ਨਿਗਮ FCI ਨੂੰ ਚੌਲਾਂ ਦੀ ਸਪੁਰਦਗੀ ਲਈ ਲੋੜੀਂਦੀ ਜਗ੍ਹਾ ਯਕੀਨੀ ਬਣਾਉਣ ਦੇ ਨਿਰਦੇਸ਼ ਦੇਣ ਲਈ, ਕੇਂਦਰੀ ਖ਼ੁਰਾਕ ਅਤੇ ਸਿਵਲ ਸਪਲਾਈ ਮੰਤਰੀ ਦੇ ਨਿੱਜੀ ਦਖ਼ਲ ਦੀ ਮੰਗ ਕੀਤੀ ਏ ਤਾਂ ਜੋ ਸੂਬੇ ਵਿੱਚ ਸਾਉਣੀ ਮੰਡੀਕਰਨ ਸੀਜ਼ਨ 2024-25 ਦੌਰਾਨ ਝੋਨੇ ਦੀ ਖਰੀਦ ਨਿਰਵਿਘਨ ਢੰਗ ਨਾਲ ਕੀਤੀ ਜਾ ਸਕੇ। ਕੇਂਦਰੀ ਖ਼ੁਰਾਕ ਤੇ ਸਿਵਲ ਸਪਲਾਈ ਮੰਤਰੀ ਨੂੰ ਲਿਖੇ ਪੱਤਰ ਵਿੱਚ ਭਗਵੰਤ ਸਿੰਘ ਮਾਨ ਨੇ ਐਫ.ਸੀ.ਆਈ. ਕੋਲ ਸਪੁਰਦਗੀ ਲਈ ਥਾਂ ਦੀ ਘਾਟ ਸਬੰਧੀ ਮੁੱਦਾ ਉਠਾਇਆ ਏ। ਮੁੱਖ ਮੰਤਰੀ ਨੇ ਅਫਸੋਸ ਜ਼ਾਹਰ ਕੀਤਾ ਕਿ ਐਫ.ਸੀ.ਆਈ. ਕੋਲ ਵਿਸ਼ੇਸ਼ ਤੌਰ ’ਤੇ ਮਈ

ਤੋਂ ਲੈ ਕੇ ਹੁਣ ਤੱਕ ਗੰਭੀਰ ਰੂਪ ਵਿੱਚ ਥਾਂ ਦੀ ਘਾਟ ਏ , ਜਿਸ ਕਾਰਨ ਸੂਬੇ ਦੇ ਚੌਲ ਮਿੱਲ ਮਾਲਕਾਂ ਵੱਲੋਂ ਕੇਂਦਰੀ ਪੂਲ ਵਿੱਚ ਐਫ.ਸੀ.ਆਈ. ਨੂੰ ਸਾਉਣੀ ਮੰਡੀਕਰਨ ਸੀਜ਼ਨ 2023-24 ਦੇ ਚੌਲਾਂ ਦੀ ਸਪੁਰਦਗੀ ਕਰਨ ਵਿੱਚ ਰੁਕਾਵਟ ਦਾ ਸਾਹਮਣਾ ਕਰਨਾ ਪੈ ਰਿਹਾ ਏ। ਉਨ੍ਹਾਂ ਅੱਗੇ ਕਿਹਾ ਕਿ ਇਸ ਨਾਲ ਸੂਬੇ ਦੇ ਚੌਲ ਮਿੱਲ ਮਾਲਕਾਂ ਵਿੱਚ ਆਉਂਦੇ ਸਾਉਣੀ ਸੀਜ਼ਨ 2024-25 ਦੌਰਾਨ ਥਾਂ ਦੀ ਕਿੱਲਤ ਬਾਰੇ ਵੀ ਚਿੰਤਾ ਪੈਦਾ ਹੋ ਗਈ ਏ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਅਤੇ ਚੌਲ ਮਿੱਲ ਮਾਲਕਾਂ ਦੇ ਯਤਨਾਂ ਦੇ ਬਾਵਜੂਦ ਹੁਣ ਤੱਕ ਐਫ.ਸੀ.ਆਈ. ਨੂੰ ਕੁੱਲ 98.35 ਫੀਸਦੀ ਚੌਲਾਂ ਦੀ ਸੁਪਰਦਗੀ ਕੀਤੀ ਜਾ ਸਕੀ ਏ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਥਾਂ ਦੀ ਕਿੱਲਤ ਕਾਰਨ ਸਾਉਣੀ ਸੀਜ਼ਨ 2023-24 ਦੇ ਬਾਕੀ ਪਏ ਚੌਲਾਂ ਕਾਰਨ, ਕੇਂਦਰ ਸਰਕਾਰ ਨੇ ਸਪੁਰਦਗੀ ਦੀ ਮਿਆਦ 30 ਸਤੰਬਰ ਤੱਕ ਵਧਾ ਦਿੱਤੀ ਏ । ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਪੰਜਾਬ ‘ਚੋਂ ਕਣਕ ਅਤੇ ਝੋਨੇ ਦੇ ਵਾਧੂ ਰੈਕ ਭੇਜ ਕੇ ਇਸ ਸਮੱਸਿਆ ਦੇ ਤੁਰੰਤ ਨਿਪਟਾਰੇ ਦੀ ਮੰਗ ਕੀਤੀ ਏ।

---------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਖੁਰਾਕ ਸਪਲਾਈ ਵਿਭਾਗ ਦੇ ਸਾਬਕਾ ਡਿਪਟੀ ਡਾਇਰੈਕਟਰ ਆਰ. ਕੇ. ਸਿੰਗਲਾ ਦੀਆਂ ਚਾਰ ਜਾਇਦਾਦਾਂ ਅਟੈਚ ਕੀਤੀਆਂ ਨੇ । ਜਲਦੀ ਹੀ ਜਾਇਦਾਦਾਂ ਦੀ ਨਿਲਾਮੀ ਕੀਤੀ ਜਾਵੇਗੀ । ਹਿੰਦੁਸਤਾਨ ਸਮਾਚਾਰ ਏਜੰਸੀ ਤੋਂ ਮਿਲੀ ਜਾਣਕਾਰੀ ਮੁਤਾਬਿਕ ਮੁਲਜ਼ਮ ’ਤੇ ਸੂਬੇ ਵਿੱਚ ਕਾਂਗਰਸ ਸਰਕਾਰ ਦੇ ਸਮੇਂ ਹੋਏ ਟੈਂਡਰ ਘੁਟਾਲੇ ਦਾ ਦੋਸ਼ ਏ । ਵਿਜੀਲੈਂਸ ਨੇ ਜਾਂਚ ਦੌਰਾਨ 12 ਜਾਇਦਾਦਾਂ ਦਾ ਪਤਾ ਲਗਾਇਆ ਏ , ਇਨ੍ਹਾਂ ਵਿੱਚੋਂ ਚਾਰ ਜਾਇਦਾਦਾਂ ਫਰੀਜ ਕੀਤੀਆਂ ਗਈਆਂ ਨੇ ਜਦੋਂਕਿ 8 ਜਾਇਦਾਦਾਂ ’ਤੇ ਵੀ ਜਲਦੀ ਹੀ ਕਾਰਵਾਈ ਕੀਤੀ ਜਾਵੇਗੀ ।

---------------------------------------------------------

ਫਰੀਦਕੋਟ ਵਿਖੇ ਬਾਬਾ ਸ਼ੇਖ ਫਰੀਦ ਆਗਮਨ ਪੁਰਬ 19 ਤੋਂ 29 ਸਤੰਬਰ ਤੱਕ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ , ਇਸ ਸਬੰਧੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ-ਵੱਖ ਸੰਸਥਾਵਾਂ ਦੇ ਸਹਿਯੋਗ ਨਾਲ ਤਿਆਰੀਆਂ ਮੁਕੰਮਲ ਕੀਤੀਆਂ ਗਈਆਂ ਨੇ । ਡਿਪਟੀ ਕਮਿਸ਼ਨਰ

ਵਿਨੀਤ ਕੁਮਾਰ ਨੇ ਦੱਸਿਆ ਕਿ ਬਾਬਾ ਫਰੀਦ ਆਗਮਨ ਪੁਰਬ ਦਾ ਆਰੰਭ 19 ਸਤੰਬਰ ਨੂੰ ਟਿੱਲਾ ਬਾਬਾ ਫਰੀਦ ਵਿਖੇ ਸ੍ਰੀ ਸੁਖਮਨੀ ਸਹਿਬ ਦੇ ਪਾਠ ਨਾਲ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸ਼ਹਿਰ ਵਿੱਚ ਵੱਖ ਵੱਖ ਥਾਵਾਂ ਤੇ ਪ੍ਰੋਗਰਾਮ ਕੀਤੇ ਜਾ ਰਹੇ ਨੇ ।

---------------------------------------------------------------

ਕੌਮੀ ਸੇਵਕ ਰਾਮਲੀਲਾ ਅਤੇ ਤਿਉਹਾਰ ਕਮੇਟੀ ਫਗਵਾੜਾ ਵਲੋਂ ਦੁਸਹਿਰੇ ਤੋਂ ਪਹਿਲਾਂ ਹੋਣ ਵਾਲੀ ਰਾਮਲੀਲਾ ਦੇ ਸਬੰਧ ਵਿਚ ਵਿਧੀ ਵਿਧਾਨ ਨਾਲ ਪੂਜਾ ਮਗਰੋਂ  ਝੰਡੇ ਦੀ ਰਸਮ ਨਿਭਾਈ ਗਈ। ਇਸ ਦੌਰਾਨ ਕੌਮੀ ਸੇਵਕ ਰਾਮਲੀਲਾ ਅਤੇ ਤਿਉਹਾਰ ਕਮੇਟੀ ਦੇ ਪ੍ਰਧਾਨ ਅਰੁਣ ਖੋਸਲਾ ਅਤੇ ਸੀਨੀਅਰ ਮੀਤ ਪ੍ਰਧਾਨ ਬਲਰਾਮ ਸ਼ਰਮਾ ਨੇ ਦੱਸਿਆ ਕਿ ਇਸ ਸਾਲ ਰਾਮਲੀਲਾ ਦਾ ਉਦਘਾਟਨ 3 ਅਕਤੂਬਰ ਨੂੰ ਕੀਤਾ ਜਾ ਰਿਹਾ ਏ ।  ਉਨ੍ਹਾਂ ਦੱਸਿਆ ਕਿ ਰਾਮਲੀਲਾ ਵਿੱਚ ਰੰਗਦਾਰ ਲਾਈਟਾਂ ਅਤੇ ਡਿਜੀਟਲ ਤਕਨੀਕ ਵਿਸ਼ੇਸ਼ ਖਿੱਚ ਦਾ ਕੇਂਦਰ ਹੋਣਗੇ । ਟੀ.ਵੀ. ਰਾਹੀਂ ਸਿੱਧਾ ਪ੍ਰਸਾਰਣ ਵੀ ਕੀਤਾ ਜਾਵੇਗਾ। ਉਹਨਾਂ ਦੱਸਿਆ

ਕਿ 12 ਅਕਟੂਬਰ ਨੂੰ ਹਰ ਸਾਲ ਦੀ ਤਰ੍ਹਾਂ ਦੁਸ਼ਹਿਰਾ ਉਤਸਵ ਧੂਮਧਾਮ ਨਾਲ ਮਨਾਇਆ ਜਾਵੇਗਾ।

---------------------------------------------------------

ਭਾਰਤੀ ਜਨਤਾ ਪਾਰਟੀ ਖਰੜ ਸਿਟੀ ਵੱਲੋਂ ਲਾਇਨਜ਼ ਕਲੱਬ ਖਰੜ ਉਮੰਗ ਦੇ ਸਹਿਯੋਗ ਨਾਲ ਖ਼ੂਨ ਦਾਨ ਕੈਂਪ ਲਾਇਆ ਗਿਆ। ਕੈਂਪ 'ਚ ਬਲੱਡ ਬੈਂਕ ਰੋਪੜ ਦੀ ਟੀਮ ਵੱਲੋਂ 76 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ। BJP ਸ਼ਹਿਰੀ ਪ੍ਰਧਾਨ ਸੁਭਾਸ਼ ਅਗਰਵਾਲ ਨੇ ਦੱਸਿਆ ਕਿ ਕੈਂਪ ਦੌਰਾਨ ਜ਼ੋਨ ਲਾਇਨਜ਼ ਕਲੱਬ ਦੇ ਚੇਅਰਮੈਨ ਪਵਨ ਮਨੋਚਾ ਨੇ ਲੋਕਾਂ ਨੂੰ ਖ਼ੂਨਦਾਨ ਬਾਰੇ ਜਾਗਰੂਕ ਕੀਤਾ। ਇਸ ਮੌਕੇ ਹੋਰ ਪਤਵੰਤੇ ਵੀ ਮੌਜੂਦ ਰਹੇ।

---------------------------------------------------------

ਅੱਜ ਪਟਿਆਲ਼ਾ, ਤਰਨਤਾਰਨ , ਫਤਹਿਗੜ੍ਹ ਸਾਹਿਬ ,ਮੋਗਾ ,ਮਾਨਸਾ ਤੇ ਮੁਹਾਲੀ ਦੇ ਕੁਝ ਇਲਾਕਿਆਂ ਵਿੱਚ ਹਲਕਾ ਮੀਂਹ ਦੇਖਣ ਨੂੰ ਮਿਲਿਆ, ਜਦਕਿ ਜਲੰਧਰ, ਪਠਾਨਕੋਟ ਫਰੀਦਕੋਟ ਫਾਜ਼ਿਲਕਾ ਸਮੇਤ ਹੋਰਨਾਂ ਕਈ ਜ਼ਿਲਿਆਂ ਵਿਚ ਬੱਦਲਵਾਈ ਬਣੀ ਹੋਈ ਏ, ਜਿਸ ਨਾਲ ਮੌਸਮ

ਕਾਫੀ ਸੁਹਾਵਣਾ ਬਣਿਆ ਹੋਇਆ ਏ। ਮੌਸਮ ਵਿਭਾਗ ਨੇ ਸੂਬੇ ਦੇ ਚਾਰ ਜ਼ਿਲ੍ਹਿਆਂ ਪਠਾਨਕੋਟ, ਹੁਸ਼ਿਆਰਪੁਰ, ਰੂਪਨਗਰ ਅਤੇ ਮੋਹਾਲੀ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ ਏ । ਵਿਭਾਗ ਨੇ ਮੌਸਮ ਬਾਰੇ ਕੋਈ ਚੇਤਾਵਨੀ ਜਾਰੀ ਨਹੀਂ ਕੀਤੀ । ਬੀਤੇ ਦਿਨੀ ਪਠਾਨਕੋਟ 'ਚ 1.9 ਮਿਲੀ-ਮੀਟਰ ਵਰਖਾ ਦਰਜ ਕੀਤੀ ਗਈ। ਜਦੋਂ ਕਿ ਹੋਰ ਕਿਸੇ ਵੀ ਥਾਂ 'ਤੇ ਮੀਂਹ ਨਹੀਂ ਪਿਆ ਏ। ਪੰਜਾਬ ਵਿੱਚ ਪਹਿਲੀ ਸਤੰਬਰ ਤੋਂ ਹੁਣ ਤੱਕ 34.2 ਮਿਲੀ-ਮੀਟਰ ਬਾਰਿਸ਼ ਦਰਜ ਕੀਤੀ ਗਈ ਏ ਜੋ ਕਿ ਆਮ ਨਾਲੋਂ 36 ਫੀਸਦੀ ਘੱਟ ਏ ।